# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 22-03-2026**

*ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ*

- ਸਰਬਉੱਚ ਅਦਾਲਤ ਵਲੋਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜੇਲ੍ਹਾਂ ਦੀ ਸਥਿਤੀ ਨਾਲ ਸੰਬਧਤ ਡੇਟਾ 18 ਮਈ ਤੱਕ ਜਮ੍ਹਾਂ ਕਰਾਉਣ ਦਾ ਨਿਰਦੇਸ਼।
- ਅੱਜ ਵਿਸ਼ਵ ਜਲ ਦਿਵਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ਪਾਣੀ ਦੀ ਜ਼ਿੰਮੇਵਾਰ ਵਰਤੋਂ ਨੂੰ ਯਕੀਨੀ ਬਣਾਉਣ ਲਈ, ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦਾ ਸੱਦਾ ਦਿੱਤਾ।
- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁੱਖ ਤਸਕਰਾਂ ਨੂੰ 24 ਕਿਲੋ ਤੋਂ ਵੱਧ ਹੈਰੋਇਨ 21 ਲੱਖ ਰੁਪਏ ਦੀ ਡਰੱਗ ਮਨੀ ਤੇ ਡਰੋਂਨ ਸਮੇਤ ਕੀਤਾ ਗ੍ਰਿਫਤਾਰ I

- BSF ਵੱਲੋਂ ਭਾਰਤ-ਪਾਕਿਸਤਾਨ ਸਰਹੱਦ ’ਤੇ ਹਾਫ ਮੈਰਾਥਨ ਅਤੇ 10 ਕਿਲੋਮੀਟਰ ਦੌੜ ਦਾ ਆਯੋਜਨ- 4 ਹਜ਼ਾਰ ਤੋਂ ਵੱਧ ਦੌੜਾਕਾਂ ਨੇ ਹਿੱਸਾ ਲਿਆ।

---------------------------------------------------------------------------------

ਸਰਵਉੱਚ ਅਦਾਲਤ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜੇਲ੍ਹਾਂ ਦੀ ਸਥਿਤੀ ਨਾਲ ਸੰਬਧਤ ਡੇਟਾ 18 ਮਈ ਤੱਕ ਜਮ੍ਹਾਂ ਕਰਾਉਣ ਦਾ ਨਿਰਦੇਸ਼ ਦਿੱਤਾ ਏ , ਜਿਸ ਵਿੱਚ ਕੈਦੀਆਂ ਦੀ ਮਨਜ਼ੂਰ ਸਮਰੱਥਾ ਅਤੇ ਭੀੜ ਨੂੰ ਦੂਰ ਕਰਨ ਲਈ ਕੀਤੇ ਗਏ ਉਪਾਅ ਸ਼ਾਮਲ ਨੇ । ਇਸ ਬਾਰੇ ਇਕ ਹੁਕਮ ਵਿੱਚ, ਜਸਟਿਸ ਵਿਕਰਮ ਨਾਥ ਅਤੇ ਸੰਦੀਪ ਮਹਿਤਾ ਦੇ ਬੈਂਚ ਨੇ ਮਹਿਲਾ ਜੇਲ੍ਹਾਂ ਦੀ ਗਿਣਤੀ ਅਤੇ ਉਪਲਬਧ ਸਹੂਲਤਾਂ ਦੇ ਵੇਰਵੇ ਵੀ ਮੰਗੇ ਨੇ , ਜਿਸ ਵਿੱਚ ਮਹਿਲਾ ਕੈਦੀਆਂ ਨਾਲ ਰਹਿ ਰਹੇ ਬੱਚਿਆਂ ਦੀ ਸਿੱਖਿਆ ਅਤੇ ਭਲਾਈ ਲਈ ਉਪਾਅ ਸ਼ਾਮਲ ਨੇ। ਇਹ ਨਿਰਦੇਸ਼ ਜੇਲ੍ਹਾਂ ਦੀ ਸਥਿਤੀ 'ਤੇ ਆਪਣੇ ਪੱਧਰ ਤੇ ਲਏ ਗਏ ਨੋਟਿਸ ਵਿੱਚ ਐਮੀਕਸ ਕਿਊਰੀ ਵਜੋਂ ਕੰਮ ਕਰਨ ਵਾਲੇ ਸੀਨੀਅਰ ਵਕੀਲ ਗੌਰਵ ਅਗਰਵਾਲ ਦੀਆਂ ਦਲੀਲਾਂ ਤੋਂ ਬਾਅਦ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮੌਜੂਦਾ ਡੇਟਾ 2023 ਦਾ ਏ। ਅਦਾਲਤ ਨੇ ਕਿਹਾ ਕਿ ਨਵੀ ਜਾਣਕਾਰੀ ਇਸ ਮਹੀਨੇ ਦੀ ਪਹਿਲੀ ਤਾਰੀਖ ਦੀ ਸਥਿਤੀ ਨੂੰ

ਦਰਸਾਉਂਦੀ ਹੋਣੀ ਚਾਹੀਦੀ ਏ , ਜਿਸ ਵਿੱਚ ਪੂਰਾ ਜੇਲ੍ਹ-ਵਾਰ ਡੇਟਾ ਸ਼ਾਮਲ ਏ । ਮਾਮਲੇ ਦੀ ਅਗਲੀ ਸੁਣਵਾਈ 26 ਮਈ ਨੂੰ ਹੋਵੇਗੀ ।

---------------------------------------------------------------------------------

ਵਿਸ਼ਵ ਜਲ ਦਿਵਸ ਦੇ ਮੌਕੇ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ਪਾਣੀ ਦੀ ਹਰ ਬੂੰਦ ਨੂੰ ਬਚਾਉਣ ਅਤੇ ਇਸਦੀ ਜ਼ਿੰਮੇਵਾਰ ਵਰਤੋਂ ਨੂੰ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦਾ ਸੱਦਾ ਦਿੱਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪਾਣੀ ਜੀਵਨ ਨੂੰ ਕਾਇਮ ਰੱਖਦਾ ਏ ਅਤੇ ਗ੍ਰਹਿ ਦੇ ਭਵਿੱਖ ਨੂੰ ਨੁਹਾਰ ਦਿੰਦਾ ਏ ਅਤੇ ਲੋਕਾਂ ਨੂੰ ਪਾਣੀ ਦੀ ਸੰਭਾਲ ਕਰਨ ਅਤੇ ਇਸਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਨਿੰਤਰ ਰਹਿਣ ਯੋਗ ਢੰਗ ਤਰੀਕਿਆਂ, ਜਾਗਰੂਕਤਾ ਫੈਲਾਉਣ ਅਤੇ ਪਾਣੀ ਦੀ ਸੰਭਾਲ ਦੇ ਸੱਭਿਆਚਾਰ ਨੂੰ ਪਾਲਣ ਵਿੱਚ ਲੱਗੇ ਲੋਕਾਂ ਦੀ ਵੀ ਸ਼ਲਾਘਾ ਕੀਤੀ । ਇਸੇ ਦੌਰਾਨ ਪੰਜਾਬ ਭੂਮੀ ਅਤੇ ਜਲ ਸੰਭਾਲ ਵਿਭਾਗ 'ਚ ਉਪ ਮੰਡਲ ਭੂਮੀ ਰੱਖਿਆ ਅਫਸਰ ਲੂਪਿੰਦਰ ਕੁਮਾਰ ਨੇ ਜਾਲ ਦਿਵਸ ਮੌਕੇ ਆਪਣੇ ਵਿਚਾਰ ਸਾਂਝੇ ਕੀਤੇ ।

BYTE:RNU220326

---------------------------------------------------------------------------------

ਓਧਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤਰਨ ਤਾਰਨ ਵੱਲੋਂ ਅੱਜ ਜ਼ਿਲ੍ਹਾ ਪੱਧਰੀ ਵਿਸ਼ਵ ਜਲ ਦਿਵਸ ਮਨਾਇਆ ਗਿਆ। ਇਸ ਸਬੰਧੀ ਕਰਵਾਏ ਸਮਾਗਮ ਮੌਕੇ ਮੁੱਖ ਮਹਿਮਾਨ ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਵੱਲੋਂ ਸਮਾਗਮ ਵਿਚ ਸ਼ਾਮਿਲ ਸਰਪੰਚਾਂ ਤੇ ਅਧਿਕਾਰਿਆਂ ਨੂੰ ਪਾਣੀ ਦੀ ਸਾਂਭ-ਸੰਭਾਲ ਕਰਨ, ਪਾਣੀ ਦੀ ਬਰਬਾਦੀ ਨੂੰ ਰੋਕਣ ਅਤੇ ਸਾਫ਼ ਪਾਣੀ ਨੂੰ ਬਚਾਉਣ ਹਿੱਤ ਸਹੁੰ ਚੁਕਾਈ ਗਈ ਅਤੇ ਵੱਖ-ਵੱਖ ਪਿੰਡਾਂ ਵਿਖੇ ਚੱਲ ਰਹੀਆਂ ਨਿਰਵਿਘਨ ਜਲ ਸਪਲਾਈ ਸਕੀਮਾਂ ਤੋਂ ਸ਼ਾਮਿਲ ਹੋਏ ਸਰਪੰਚਾਂ ਅਤੇ ਕਮੇਟੀ ਮੈਂਬਰਾਂ ਨੂੰ ਵਧੀਆ ਕਾਰਗੁਜਾਰੀ ਲਈ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਦੀਆ ਹੋਰਨਾਂ ਗ੍ਰਾਮ ਪੰਚਾਇਤਾਂ ਨੂੰ ਇਨ੍ਹਾਂ ਪਿੰਡਾ ਤੋਂ ਪ੍ਰੇਰਨਾ ਲੈ ਕੇ ਅੱਗੇ ਆਉਣਾ ਚਾਹੀਦਾ । ਇਸ ਨਾਲ ਪਿੰਡਾ ਦੇ ਲੋਕਾਂ ਖ਼ਾਸ ਕਰਕੇ ਮਹਿਲਾਵਾਂ ਦਾ ਜੀਵਨ ਸੁਖਾਲ਼ਾ ਹੋਵੇਗਾ। ਇਸ ਤੋਂ ਇਲਾਵਾ ਉਨ੍ਹਾਂ ਗ੍ਰਾਮ ਪੰਚਾਇਤ ਰਾਜੇ ਵਾਲਾ ਖੂਹ, ਗ੍ਰਾਮ ਪੰਚਾਇਤ ਰੇਸ਼ੀਆਨਾ ਅਤੇ ਗ੍ਰਾਮ ਪੰਚਾਇਤ ਕਾਜੀਵਾਲ ਬਲਾਕ ਖਡੂਰ ਸਾਹਿਬ ਦੇ ਚੰਗੇ ਕੰਮਾਂ ਦੀ ਸ਼ਲਾਘਾ ਕੀਤੀ। ਜ਼ਿਲ੍ਹਾ ਸੈਨੀਟੇਸ਼ਨ ਅਫ਼ਸਰ ਸੁਖਮਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ 8 ਮਾਰਚ ਤੋਂ 21 ਮਾਰਚ ਤੱਕ ਜਲ ਮਹਾਉਤਸਵ ਤਹਿਤ ਵੱਖ-ਵੱਖ ਪਿੰਡਾਂ ਵਿਚ ਨਾਰੀ ਜਲ ਸ਼ਕਤੀ ਦਿਵਸ ਅਤੇ ਜਲ ਸੁਰੱਖਿਆ ਸਹੇਲੀ ਮੁਹਿੰਮ ਤਹਿਤ ਵੱਧ ਤੋਂ ਵੱਧ ਔਰਤਾਂ ਨੂੰ ਸ਼ਾਮਿਲ ਕਰਕੇ

ਗਤੀਵਿਧਿਆਂ ਕੀਤੀਆ ਗਈਆਂ,ਔਰਤਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਣੂ ਕਰਵਾਇਆ ।

---------------------------------------------------------------------------------

ਪੰਜਾਬ ਸਰਕਾਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਛੋਟੇ ਬੱਚਿਆਂ ਦੀਆਂ ਮਾਵਾਂ ਦੀ ਸਿਹਤ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਏ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਾਲ 2023-24 ਤੋਂ 2025-26 ਤੱਕ 127 ਕਰੋੜ 95 ਲਖ ਰੁਪਏ ਦੀ ਰਕਮ ਸਿੱਧੇ ਲਾਭ ਤਬਾਦਲੇ ਰਾਹੀਂ ਸਿੱਧੇ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਜਾਰੀ ਕੀਤੀ ਗਈ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਮਿਆਦ ਦੌਰਾਨ 2 ਲੱਖ 89 ਹਜ਼ਾਰ ਤੋਂ ਵੱਧ ਮਹਿਲਾਵਾਂ ਨੂੰ ਇਸ ਵਿੱਤੀ ਸਹਾਇਤਾ ਪਹਿਲਕਦਮੀ ਦਾ ਲਾਭ ਮਿਲਿਆ ਏ । ਇਸ ਵਿੱਤੀ ਸਹਾਇਤਾ ਪਹਿਲੇ ਬੱਚੇ ਲਈ ਮਹਿਲਾਵਾਂ ਨੂੰ ਦੋ ਕਿਸ਼ਤਾਂ ਰਾਹੀਂ ਕੁੱਲ 5000 ਰੁਪਏ ਦੀ ਰਕਮ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾਂਦੀ ਏ । ਇਸ ਤੋਂ ਇਲਾਵਾ, ਜੇਕਰ ਦੂਜਾ ਬੱਚਾ ਲੜਕੀ ਹੋਵੇ, ਤਾਂ ਮਹਿਲਾ ਲਾਭਪਾਤਰੀ ਨੂੰ ਇੱਕ ਮੁਸ਼ਤ 6000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਏ । ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2023-24 ਦੌਰਾਨ 38 ਕਰੋੜ 11 ਲਖ ਰੁਪਏ ਦੀ ਰਕਮ, ਵਿੱਤੀ ਸਾਲ 2024-25 ਦੌਰਾਨ ਵੱਧ

ਕੇ 63 ਕਰੋੜ 78 ਲਖ   ਰੁਪਏ ਹੋ ਗਈ । ਇਸੇ ਤਰ੍ਹਾਂ, ਵਿੱਤੀ ਸਾਲ 2025-26 ਵਿੱਚ  31 ਜਨਵਰੀ ਤਕ 26 ਕਰੋੜ 6 ਲਖ ਰੁਪਏ ਦੀ ਰਕਮ 69 ਹਜ਼ਾਰ 110 ਮਹਿਲਾਵਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾ ਚੁੱਕੀ ਏ ।

------------------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਨੂੰ ਉਨ੍ਹਾਂ ਦੇ ਜੋਤੀ ਜੋਤ ਦਿਵਸ 'ਤੇ ਨਮਨ ਕੀਤਾ ਏ ਅਤੇ, ਸਮਾਜ ਅਤੇ ਸਿੱਖ ਧਰਮ ਲਈ ਉਨ੍ਹਾਂ ਦੇ ਅਥਾਹ ਯੋਗਦਾਨ ਨੂੰ ਯਾਦ ਕੀਤੈ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੇਂਦਰੀ ਗ੍ਰਹਿ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਵਿਕਸਤ ਕੀਤੀ, ਜਿਸ ਨੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਲੋਕਾਂ ਵਿੱਚ ਦੂਰ-ਦੂਰ ਤੱਕ ਫੈਲਾਉਣ ਵਿੱਚ ਮਦਦ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਲੰਗਰ ਅਤੇ ਸੰਗਤ ਦੀਆਂ ਰਵਾਇਤਾਂ ਨੂੰ ਮਜ਼ਬੂਤ ਕੀਤਾ, ਜਿਸ ਨਾਲ ਸੇਵਾ, ਸਮਾਨਤਾ ਅਤੇ ਭਾਈਚਾਰੇ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕੀਤਾ ਗਿਆ। ਗ੍ਰਹਿ ਮੰਤਰੀ ਨੇ ਕਿਹਾ ਕਿ ਗੁਰੂ ਅੰਗਦ ਦੇਵ ਜੀ ਦੇ ਆਦਰਸ਼ ਅਤੇ ਸਿੱਖਿਆਵਾਂ ਅੱਜ ਵੀ ਸਮਾਜ ਦੀ ਰਹਿਨੁਮਾਈ ਕਰਦੀਆਂ ਨੇ ਅਤੇ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀਆਂ ਨੇ.

------------------------------------------------------------------------------

ਪੰਜਾਬ ਪੁਲਿਸ ਦੇ ਨਸ਼ਿਆਂ ਵਿਰੋਧੀ ਕਾਰਜ ਬਲ ਨੇ ਸੀਮਾ ਸੁਰੱਖਿਆ ਬਲ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਸਰਹੱਦ ਪਾਰੋਂ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁੱਖ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 24 ਕਿਲੋ ਤੋਂ ਵੱਧ ਹੈਰੋਇਨ ਅਤੇ 21 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਿੱਧੇ ਸਬੰਧ ਨੇ ।

BYTE:RNU220326

-------------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਵੈਟ ਬਕਾਏ ਲਈ ਯਕਮੁਸ਼ਤ ਨਿਪਟਾਰਾ ਯੋਜਨਾ ਤਹਿਤ ਲਗਭਗ 298 ਕਰੋੜ 39 ਲਖ ਰੁਪਏ ਦੇ ਬਕਾਏ ਵਾਲੀਆਂ 7 ਹਜ਼ਾਰ 845 ਅਰਜ਼ੀਆਂ ਪ੍ਰਾਪਤ ਹੋਈਆਂ ਨੇ ਅਤੇ 111 ਕਰੋੜ 16 ਲਖ ਪ੍ਰਾਪਤ ਕੀਤੇ ਜਾ ਚੁੱਕੇ ਨੇ । ਵਿੱਤ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਇਸ ਰਾਹਤ ਦੀ ਸਮਾਂ ਹੱਦ 31 ਮਾਰਚ ਤੱਕ ਏ, ਜਿਸ ਤੋਂ ਬਾਅਦ ਸਰਕਾਰ ਸਖ਼ਤ ਵਸੂਲੀ ਦੇ ਮੋਡ ਵਿੱਚ ਆ ਜਾਵੇਗੀ, ਅਤੇ ਇਸ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਏ । ਵਿੱਤ ਮੰਤਰੀ ਨੇ ਕਿਹਾ ਕਿ

ਇਸ ਸਕੀਮ ਨਾਲ ਪਹਿਲਾਂ ਹੀ ਕੁੱਲ 111 ਕਰੋੜ 16 ਲਖ ਰੁਪਏ ਦੀ ਪ੍ਰਾਪਤੀ ਹੋ ਚੁੱਕੀ ਏ । ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਪਟਿਆਲਾ ਅਤੇ ਰੋਪੜ ਡਿਵੀਜ਼ਨਾਂ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ ਏ । ਉਨ੍ਹਾਂ ਕਿਹਾ ਕਿ ਸਾਰੇ ਯੋਗ ਟੈਕਸਦਾਤਾਵਾਂ ਨੂੰ ਅੱਗੇ ਆਕੇ ਸੂਬੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਏ । ਵਿੱਤ ਮੰਤਰੀ ਨੇ ਕਿਹਾ ਕਿ 31 ਮਾਰਚ ਤੋਂ ਬਾਅਦ, ਜਿਨ੍ਹਾਂ ਮਾਮਲਿਆਂ ਵਿੱਚ ਬਕਾਏ ਅਦਾ ਨਹੀਂ ਕੀਤੇ ਗਏ ਨੇ ਉਨ੍ਹਾਂ ਵਿੱਚ ਕਾਨੂੰਨ ਦੀਆਂ ਵਿਵਸਥਾਵਾਂ ਅਨੁਸਾਰ ਵਸੂਲੀ ਦੀ ਕਾਰਵਾਈ ਕੀਤੀ ਜਾਵੇਗੀ।

---------------------------------------------------------------------------

ਸੀਮਾ ਸੁਰੱਖਿਆ ਬਲ ਵੱਲੋਂ ਸਰਹੱਦੀ ਲੋਕਾਂ ਦੇ ਸਹਿਯੋਗ ਨਾਲ ਡਾਇਮੰਡ ਜੂਬਲੀ ਸਮਾਗਮਾਂ ਨੂੰ ਸਮਰਪਿਤ ਭਾਰਤ-ਪਾਕਿਸਤਾਨ ਸਰਹੱਦ ’ਤੇ ਹਾਫ ਮੈਰਾਥਨ ਅਤੇ 10 ਕਿਮੀ ਦੌੜ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 4 ਹਜ਼ਾਰ ਤੋਂ ਵੱਧ ਦੌੜਾਕਾਂ ਨੇ ਭਾਗ ਲਿਆ। 21 ਕਿਲੋਮੀਟਰ ਹਾਫ ਮੈਰਾਥਨ ਸੁਰਜੀਤ ਸੀਨੀਅਰ ਸੈਕੰਡਰੀ ਸਕੂਲ, ਫਿਰੋਜ਼ਪੁਰ ਤੋਂ ਸ਼ੁਰੂ ਹੋਈ, ਜਦਕਿ 10 ਕਿਲੋਮੀਟਰ ਦੌੜ ਕੇਂਦਰੀ ਵਿਦਿਆਲਿਆ, ਫਿਰੋਜ਼ਪੁਰ ਤੋਂ ਰਵਾਨਾ ਹੋਈ। ਦੋਵੇਂ ਦੀ ਸਮਾਪਤੀ ਭਾਰਤ-ਪਾਕਿਸਤਾਨ ਸਰਹੱਦ ’ਤੇ ਸਥਿਤ ਸ਼ਾਨ-ਏ-ਹਿੰਦ ਗੇਟ ਵਿਖੇ ਹੋਈ । ਬੀਐਸਐਫ ਪੰਜਾਬ ਫਰੰਟੀਅਰ ਦੇ ਆਈਜੀ ਅਤੁਲ ਫੁਲਝਿਲੇ ਨੇ

ਦੱਸਿਆ ਕਿ ਇਹ ਸਮਾਗਮ ਭਾਰਤ ਸਰਕਾਰ ਦੀ “ਫਿੱਟ ਇੰਡੀਆ” ਮੁਹਿੰਮ ਤਹਿਤ ਕਰਵਾਇਆ ਗਿਆ ਏ । ਇਸ ਦਾ ਮੁੱਖ ਮਕਸਦ ਨਸ਼ਾ ਵਿਰੋਧੀ ਸੰਦੇਸ਼ ਨੂੰ ਫੈਲਾਉਣਾ ਅਤੇ ਸਰਹੱਦੀ ਇਲਾਕਿਆਂ ਦੇ ਲੋਕਾਂ ਨੂੰ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਕਰਨਾ ਹੈ। ਇਸ ਦੌਰਾਨ ਸਕੂਲੀ ਬੱਚਿਆਂ ਵੱਲੋਂ ਨਸ਼ਿਆਂ ਖ਼ਿਲਾਫ਼ ਨੁੱਕੜ ਨਾਟਕ ਅਤੇ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ। ਇਸ ਮੈਰਾਥਨ ਵਿੱਚ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਤੋਂ ਵੀ ਵੱਡੀ ਗਿਣਤੀ ਵਿੱਚ ਦੌੜਾਕਾਂ ਨੇ ਹਿੱਸਾ ਲਿਆ। ਜੇਤੂ ਦੌੜਾਕਾਂ ਨੂੰ ਇਨਾਮ ਤਕਸੀਮ ਕੀਤੇ ਗਏ ਅਤੇ ਉਨ੍ਹਾਂ ਨੂੰ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ।

---

’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ ਨੈਸ਼ਨਲ ਮੈਰਾਥਨ ਅੱਜ ਇਥੇ ਤੜਕਸਾਰ ਹੁਸ਼ਿਆਰਪੁਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਕਾਰਵਾਈ ਗਈ । ਜਿਸ ਵਿਚ ਹਰ ਵਰਗ ਦੇ ਵਿਅਕਤੀਆਂ ਵਲੋਂ ਵੱਧ ਚੜ੍ਹ ਕੇ ਹਿੱਸਾ ਲੈਂਦਿਆਂ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਅਤੇ ਲਾਮਬੰਦ ਕਰਨ ਦੇ ਨਾਲ-ਨਾਲ ਖੇਡਾਂ ਨੂੰ ਵੱਧ ਤੋਂ ਵੱਧ ਹੁਲਾਰਾ ਦੇਣ ਦਾ ਪ੍ਰਣ ਲਿਆ ਗਿਆ। ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਮੈਰਾਥਨ ਨੂੰ ਰਵਾਨਾ ਕਰਦਿਆਂ ਕਿਹਾ ਕਿ

ਮੈਰਾਥਨ ਅਤੇ ਖੇਡਾਂ ਪ੍ਰਤੀ ਪੰਜਾਬੀਆਂ ਦੇ ਉਤਸ਼ਾਹ ਨੂੰ ਸਲਾਮ ਕੀਤਾ ਅਤੇ ਕਿਹਾ ਕਿ ਪੰਜਾਬੀਆਂ ਦੇ ਜਜ਼ਬੇ ਤੇ ਬਹਾਦਰੀ ਸਾਹਮਣੇ ਨਸ਼ਿਆਂ ਦੀ ਅਲਾਮਤ ਨੂੰ ਖਤਮ ਕਰਨਾ ਕੋਈ ਬਹੁਤ ਵੱਡੀ ਚੁਨੌਤੀ ਨਹੀਂ ਏ ।

---------------------------------------------------------------------------

'ਮੇਰਾ ਯੁਵਾ ਭਾਰਤ' ਕੱਲ ਨੂੰ ਸ਼ਹੀਦ ਦਿਵਸ ਮਨਾਉਣ ਲਈ ਇੱਕ ਦੇਸ਼ ਵਿਆਪੀ ਪੈਦਲ ਯਾਤਰਾ ਕਰਾਏਗਾ । ਇਹ ਪਹਿਲ "ਮੇਰਾ ਭਾਰਤ, ਮੇਰੀ ਜ਼ਿੰਮੇਵਾਰੀ" ਵਿਸ਼ੇ 'ਤੇ ਅਧਾਰਤ ਹੋਵੇਗੀ। ਇਹ ਪੈਦਲ ਯਾਤਰਾ ਭਾਰਤ ਦੇ ਨੌਜਵਾਨ ਆਜ਼ਾਦੀ ਘੁਲਾਟੀਆਂ - ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ  ਦੀਆਂ ਕੁਰਬਾਨੀਆਂ ਨੂੰ ਸ਼ਰਧਾਂਜਲੀ ਭੇਟ ਕਰੇਗੀ । ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲੇ ਨੇ ਕਿਹਾ ਕਿ ਇਸ ਪਹਿਲ ਦਾ ਉਦੇਸ਼ ਨੌਜਵਾਨਾਂ ਦੀ ਊਰਜਾ, ਆਦਰਸ਼ਵਾਦ ਅਤੇ ਇੱਛਾਵਾਂ ਨੂੰ ਜ਼ਿੰਮੇਵਾਰ ਨਾਗਰਿਕਤਾ ਵੱਲ ਲਿਜਾਣਾ ਏ । ਇਹ ਪੈਦਲ ਯਾਤਰਾ ਦੇਸ਼ ਦੇ ਸਾਰੇ 763 ਜ਼ਿਲ੍ਹਿਆਂ ਵਿੱਚ ਕਰਾਈ ਜਾਵੇਗੀ। ਹਰਿਆਣਾ ਦੇ ਫਰੀਦਾਬਾਦ ਵਿੱਚ ਇੱਕ ਵੱਡਾ ਸਮਾਗਮ ਹੋਵੇਗਾ, ਜਿਸ ਵਿੱਚ 10,ਹਜ਼ਾਰ ਤੋਂ ਵੱਧ ਨੌਜਵਾਨ ਹਿੱਸਾ ਲੈਣਗੇ। ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਰਾਜ ਮੰਤਰੀ ਰਕਸ਼ਾ ਖੜਸੇ ਅਤੇ ਹਰਿਆਣਾ ਦੇ ਖੇਡ ਮੰਤਰੀ ਗੌਰਵ ਗੌਤਮ ਇਸ ਮੌਕੇ 'ਤੇ ਮੌਜੂਦ ਰਹਿਣਗੇ। ਹਰ ਸਾਲ, ਸ਼ਹੀਦ ਦਿਵਸ ਇਸ ਗੱਲ ਦੀ ਯਾਦ ਦਿਵਾਉਂਦਾ ਏ ਕਿ ਭਾਰਤ ਦੀ ਆਜ਼ਾਦੀ ਕੁਰਬਾਨੀ ਅਤੇ ਹਿੰਮਤ ਰਾਹੀਂ

ਪ੍ਰਾਪਤ ਕੀਤੀ ਗਈ ਸੀ। ਸ਼ਹੀਦ ਦਿਵਸ ਪੈਦਲ ਯਾਤਰਾ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਕੇ ਸ਼ਹੀਦਾਂ ਦੀ ਯਾਦ ਨੂੰ ਕਾਰਜ ਵਿੱਚ ਬਦਲਣ ਦਾ ਇੱਕ ਯਤਨ ਏ ।

---------------------------------------------------------------------------------

- ਸਰਬਉੱਚ ਅਦਾਲਤ ਵਲੋਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜੇਲ੍ਹਾਂ ਦੀ ਸਥਿਤੀ ਨਾਲ ਸੰਬਧਤ ਡੇਟਾ 18 ਮਈ ਤੱਕ ਜਮ੍ਹਾਂ ਕਰਾਉਣ ਦਾ ਨਿਰਦੇਸ਼ ।
- ਅੱਜ ਵਿਸ਼ਵ ਜਲ ਦਿਵਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ਪਾਣੀ ਦੀ ਜ਼ਿੰਮੇਵਾਰ ਵਰਤੋਂ ਨੂੰ ਯਕੀਨੀ ਬਣਾਉਣ ਲਈ, ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦਾ ਸੱਦਾ ਦਿੱਤਾ ।
- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁੱਖ ਤਸਕਰਾਂ ਨੂੰ 24 ਕਿਲੋ ਤੋਂ ਵੱਧ ਹੈਰੋਇਨ, 21 ਲੱਖ ਰੁਪਏ ਦੀ ਡਰੱਗ ਮਨੀ ਤੇ ਡਰੋਨ ਸਮੇਤ ਕੀਤਾ ਗ੍ਰਿਫਤਾਰ I
- BSF ਵੱਲੋਂ ਭਾਰਤ-ਪਾਕਿਸਤਾਨ ਸਰਹੱਦ ’ਤੇ ਹਾਫ ਮੈਰਾਥਨ ਅਤੇ 10 ਕਿਲੋਮੀਟਰ ਦੌੜ ਦਾ ਆਯੋਜਨ- 4 ਹਜ਼ਾਰ ਤੋਂ ਵੱਧ ਦੌੜਾਕਾਂ ਨੇ ਹਿੱਸਾ ਲਿਆ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ

7 **ਵੱਜਕੇ 30** ਮਿੰਟ 'ਤੇ ਨਮਸਕਾਰ !